# Minister of State for External Affairs represents India as Special Envoy of the Prime Minister at the inauguration ceremony of the President of the Philippines

## ਫਿਲੀਪੀਨੀ ਰਾਸ਼ਟਰਪਤੀ ਦੇ ਕਾਰਜਕਾਜ ਦੀ ਸ਼ੁਰੂਆਤ ਦੇ ਸਮਾਰੋਹ ਵਿੱਚ ਵਿਦੇਸ਼ ਰਾਜ ਮੰਤਰੀ ਨੇ ਕੀਤੀ ਪ੍ਰਧਾਨ ਮੰਤਰੀ ਦੇ ਵਿਸ਼ੇਸ਼ ਦੂਤ ਵਜੋਂ ਭਾਰਤ ਦੀ ਨੁਮਾਇੰਦਗੀ

**1 ਜੁਲਾਈ, 2022**

ਫਿਲੀਪੀਨੀ ਸਰਕਾਰ ਦੇ ਸੱਦੇ 'ਤੇ ਵਿਦੇਸ਼ ਰਾਜ ਮੰਤਰੀ ਡਾ. ਰਾਜਕੁਮਾਰ ਰੰਜਨ ਸਿੰਘ ਨੇ 30 ਜੂਨ, 2022 ਨੂੰ ਮਨੀਲਾ ਵਿੱਚ ਫਿਲੀਪੀਨਜ਼ ਗਣਰਾਜ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀਮਾਨ ਫਰਡੀਨੈਂਡ ਆਰ. ਮਾਰਕੋਸ ਜੂਨੀਅਰ ਦੇ ਕਾਰਜਕਾਲ ਦੇ ਸ਼ੁਰੂਆਤੀ ਸਮਾਰੋਹ  ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਵਿਸ਼ੇਸ਼ ਦੂਤ ਵਜੋਂ ਸ਼ਿਰਕਤ ਕੀਤੀ।

ਵਿਦੇਸ਼ ਰਾਜ ਮੰਤਰੀ ਨੇ 1, ਜੁਲਾਈ 2022 ਨੂੰ ਰਾਸ਼ਟਰਪਤੀ ਮਾਰਕੋਸ ਨਾਲ ਕੀਤੀ ਸ਼ਿਸ਼ਟਾਚਾਰ ਮੁਲਾਕਾਤ ਦੌਰਾਨ ਉਹਨਾਂ ਨੂੰ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਸ਼੍ਰੀ ਰਾਮ ਨਾਥ ਕੋਵਿੰਦ ਦਾ ਵਧਾਈ ਪੱਤਰ ਵੀ ਸੌਂਪਿਆ। ਆਪਣੇ ਪੱਤਰ ਵਿੱਚ ਰਾਸ਼ਟਰਪਤੀ ਕੋਵਿੰਦ ਨੇ ਰਾਸ਼ਟਰਪਤੀ ਮਾਰਕੋਸ ਨੂੰ ਫਿਲੀਪੀਨੀ ਰਾਸ਼ਟਰਪਤੀ ਵਜੋਂ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਇਸ ਗੱਲ ਦਾ ਭਰੋਸਾ ਪ੍ਰਗਟਾਇਆ ਕਿ ਰਾਸ਼ਟਰਪਤੀ ਮਾਰਕੋਸ ਦੀ ਯੋਗ ਅਗਵਾਈ ਹੇਠ ਭਾਰਤ-ਫਿਲੀਪੀਨਜ਼ ਦਰਮਿਆਨ ਸਾਂਝੇਦਾਰੀ ਹੋਰ ਵਧੇਗੀ ਅਤੇ ਮਜ਼ਬੂਤ ਹੋਵੇਗੀ।

ਸ਼ਿਸ਼ਟਾਚਾਰ ਮੁਲਾਕਾਤ ਦੌਰਾਨ ਰਾਜ ਮੰਤਰੀ ਨੇ ਦੁਵੱਲੇ ਸਬੰਧਾਂ ਵਿੱਚ ਹਾਲ ਵਿੱਚ ਹੀ ਆਈ ਰਫਤਾਰ ਦੀ ਗੱਲ ਕਹੀ ਅਤੇ ਸਾਡੀਆਂ ਆਪੋ ਆਪਣੀਆਂ ਵਿਕਾਸ ਦੀਆਂ ਇੱਛਾਵਾਂ ਅਤੇ ਰਾਸ਼ਟਰੀ ਸੁਰੱਖਿਆ ਉਦੇਸ਼ਾਂ ਸਮੇਤ ਦੁਵੱਲੀ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਲਈ ਫਿਲੀਪੀਨਜ਼ ਗਣਰਾਜ ਦੀ ਨਵੀਂ ਸਰਕਾਰ ਨਾਲ ਮਿਲਕੇ ਕੰਮ ਕਰਨ ਦੀ ਭਾਰਤੀ ਵਚਨਬੱਧਤਾ ਦੁਹਰਾਈ।

ਰਾਜ ਮੰਤਰੀ ਨੇ ਇਸ ਦੌਰੇ ਦੌਰਾਨ ਫਿਲੀਪੀਨਜ਼ ਵਿੱਚ ਸਰਗਰਮ ਭਾਰਤੀ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ।

ਮਨੀਲਾ

1 ਜੁਲਾਈ, 2022

DISCLAIMER: This is an approximate translation. The original is available in English on MEA's website and may be referred to as the official press release.